ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ.35 ਤਹਿਤ ਸਥਾਪਤ)

ਦਫ਼ਤਰ: ਡਾਇਰੈਕਟੋਰੇਟ ਆਫ਼ ਸਪੋਰਟਸ

ਨੰ. 2957 /ਫਜ
ਮਿਤੀ 26/10/23

ਯੂਨੀਵਰਸਿਟੀ ਨਾਲ ਸਬੰਧਤ
ਸਮੂਹ ਕਾਲਜਾਂ ਦੇ ਪ੍ਰਿੰਸੀਪਲ/ਚੇਅਰਮੈਨ ਸਾਹਿਬਾਨ

ਵਿਸ਼ਾ: ਯੂਨੀਵਰਸਿਟੀ ਨਾਲ ਸਬੰਧਤ ਸਮੂਹ ਕਾਲਜਾਂ ਨੂੰ ਭੇਜੇ ਜਾਣ ਵਾਲੇ ਪੱਤਰ/ਸਰਕੂਲਰ ਆਦਿ ਯੂਨੀਵਰਸਿਟੀ ਵੈੱਬਪੇਜ ਉੱਤੇ ਉਪਲਬਧ ਕਰਵਾਉਣ ਸਬੰਧੀ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਖੇਡ ਵਿਭਾਗ ਵੱਲੋਂ ਭੇਜੇ ਜਾਣ ਵਾਲੇ ਪੱਤਰ/ਸਰਕੂਲਰ ਆਦਿ ਜੋ ਕਿ ਵਿਭਾਗ ਦੀ ਈ.ਮੇਲ dirsports@pbi.ac.in ਰਾਹੀਂ ਭੇਜ ਜਾ ਰਹੇ ਹਨ, ਸਬੰਧੀ ਕਈ ਕਾਲਜਾਂ ਵੱਲੋਂ ਦੱਸਿਆ ਜਾਂਦਾ ਹੈ ਕਿ ਉਹਨਾਂ ਨੂੰ ਲੋੜੀਂਦੀ ਜਾਣਕਾਰੀ ਪ੍ਰਾਪਤ ਨਹੀਂ ਹੋ ਰਹੀ/ਸਮੇਂ ਸਿਰ ਪ੍ਰਾਪਤ ਨਹੀਂ ਹੁੰਦੀ। ਜ਼ਿਕਰਯੋਗ ਹੈ ਕਿ ਵਿਭਾਗ ਵੱਲੋਂ ਲੋੜੀਂਦੀ ਸਾਰੀ ਜਾਣਕਾਰੀ ਯੂਨੀਵਰਸਿਟੀ ਵੱਲੋਂ ਤਿਆਰ ਕੀਤੇ ਵੈੱਬਪੇਜ਼ ਤੇ ਵੀ ਪਾਈ ਜਾਂਦੀ ਹੈ ਪਰ ਕਈਆਂ ਨੂੰ ਇਸ ਵੈੱਬਪੇਜ਼ ਬਾਰੇ ਵੀ ਜਾਣਕਾਰੀ ਨਹੀਂ ਹੈ।

ਇਸ ਲਈ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਇਸ ਪੱਤਰ ਦੇ ਜਾਰੀ ਹੋਣ ਤੋਂ ਬਾਅਦ ਖੇਡ ਵਿਭਾਗ ਵੱਲੋਂ ਲੋੜੀਂਦੀ ਹਰ ਪ੍ਰਕਾਰ ਦੀ ਜਾਣਕਾਰੀ ਯੂਨੀਵਰਸਿਟੀ ਵੈੱਬਪੇਜ਼ ਉੱਤੇ ਹੀ ਅਪਡੇਟ/ਉਪਲਬਧ ਕੀਤੀ ਜਾਵੇਗੀ ਜੋ ਕਿ ਸਮੂਹ ਸਬੰਧਤ ਦੀ ਜਾਣਕਾਰੀ ਅਤੇ ਅਗਲੇਰੀ ਕਾਰਵਾਈ ਹਿੱਤ ਹੋਵੇਗੀ।




ਆਪ ਜੀ ਵੱਲੋਂ ਸਬੰਧਤ ਸਮੂਹ ਸਟਾਫ਼/ਪ੍ਰੋਫੈਸਰ ਇੰਚਾਰਜ (ਟੀਮ)/ਲੈਕਚਰਾਰ ਫਿਜ਼ੀਕਲ ਐਜੂਕੇਸ਼ਨ ਆਦਿ ਨੂੰ ਇਸ ਬਾਰੇ ਨੋਟ ਕਰਵਾ ਦਿੱਤਾ ਜਾਵੇ ਕਿ ਉਹਨਾਂ ਵੱਲੋਂ ਇਹ ਵੈੱਬਪੇਜ ਹਰ ਰੋਜ ਚੈੱਕ ਕਰ ਲਿਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਜੇਕਰ ਕੋਈ ਲੋੜੀਂਦੀ ਕਾਰਵਾਈ ਕਰਨ ਵਿਚ ਦੇਰੀ ਜਾਂ ਅਣਗਹਿਲੀ ਪਾਈ ਜਾਂਦੀ ਹੈ ਤਾਂ ਇਸ ਦੀ ਜਿੰਮੇਵਾਰੀ ਸਬੰਧਤ ਕਾਲਜ/ਮੈਨੇਜਮੈਂਟ ਦੀ ਹੋਵੇਗੀ।

ਇਸਨੂੰ ਅਤਿ ਜ਼ਰੂਰੀ ਸਮਝਿਆ ਜਾਵੇ ਜੀ।

26/10/2023
ਡਾਇਰੈਕਟਰ ਸਪੋਰਟਸ